**ਦਫ਼ਤਰ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ),ਪੰਜਾਬ, ਐਟ ਪੰਜਾਬ ਸਕੂਲ ਸਿੱਖਿਆ**

**ਬੋਰਡ ਕੰਪਲੈਕਸ ਫੇਜ-8 ਐਸ.ਏ.ਐਸ.ਨਗਰ**

ਵੱਲ (ਵੈਬਸਾਇਟ ਰਾਹੀਂ)

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ,),
ਸਮੂਹ ਪ੍ਰਿੰਸੀਪਲ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ,
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ,
ਪੰਜਾਬ।

ਮੀਮੋ ਨੰ:-10/211-2017 ਸੇਪ੍ਰ (2)/489-91 ਮਿਤੀ, ਐਸ.ਏ.ਐਸ ਨਗਰ:13-4-2018

**ਵਿਸ਼ਾ: 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਨੂੰ ਸਕੂਲਾਂ ਵਿੱਚ ਲਾਗੂ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਆਪ ਜੀ ਨੂੰ ਪਤਾ ਹੀ ਹੈ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਮੂਹ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਪੱਖੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਚਲਾਇਆ ਗਿਆ ਹੈ। 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਪੰਜਾਬ ਸਰਕਾਰ ਦੁਆਰਾ ਬਜਟ ਸਪੀਚ ਦਾ ਵੀ ਹਿੱਸਾ ਹੈ। 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਤਹਿਤ ਬੱਚਿਆਂ ਦੇ ਮੁੱਢਲੇ ਪੜ੍ਹਾਈ ਦੇ ਪੱਧਰ (ਸੁਣਨਾ, ਬੋਲਣਾ, ਪੜ੍ਹਨਾ, ਲਿਖਣਾ, ਸਮਝਣਾ) ਅਤੇ ਗਣਿਤ (ਅੰਕ ਪਹਿਚਾਣ, ਪਹਾੜੇ, ਜੋੜ, ਘਟਾਓ, ਗੁਣਾ-ਭਾਗ) ਦੀ ਪ੍ਰਗਤੀ ਲਈ ਸੁਧਾਰ ਲੈ ਕੇ ਆਉਣਾ ਹੈ।

3.0 ਇਸ ਪ੍ਰੋਜੈਕਟ ਦੇ ਰਾਹੀਂ ਘੱਟੋਂ-ਘੱਟ ਟੀਚਿਆਂ ਰਾਹੀਂ ਕੰਮ ਕਰਦਿਆਂ ਬੱਚਿਆਂ ਨੂੰ ਪੜਾਅ ਦਰ ਪੜਾਅ ਉਹਨਾਂ ਦੇ ਸਿੱਖਣ ਪੱਧਰਾਂ ਨੂੰ ਉੱਚਾ ਚੁੱਕਣਾ ਹੈ, ਜੋ ਸਕੂਲੀ ਸਿੱਖਿਆ ਦੇ ਪਾਠਕ੍ਰਮ ਦਾ ਪੂਰਨ ਹਿੱਸਾ ਹੈ। ਜੋ ਬੱਚਾ ਇਹ ਆਪਣੇ ਘੱਟੋਂ-ਘੱਟ ਟੀਚੇ ਪੂਰਾ ਕਰ ਲੈਂਦਾ ਹੈ ਤਾਂ ਉਹਨਾਂ ਨੂੰ ਪਾਠ-ਪੁਸਤਕਾਂ ਨਾਲ ਜੋੜ ਕੇ ਵੱਡੇ ਟੀਚਿਆਂ ਤੇ ਕੰਮ ਕਰਵਾਇਆ ਜਾਣਾ ਹੈ। ਇਹੀ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਦਾ ਆਸ਼ਾ ਤੇ ਉਦੇਸ਼ ਹੈ।

4.0 ਜ਼ਿਲ੍ਹਾ ਕੋਆਰਡੀਨੇਟਰ/ ਬੀ.ਐੱਮ.ਟੀ (ਬਲਾਕ ਮਾਸਟਰ ਟ੍ਰੇਨਰ)/ ਸੀ.ਐਮ.ਟੀ (ਕਲੱਸਟਰ ਮਾਸਟਰ ਟ੍ਰੇਨਰ) 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਤਹਿਤ ਬੱਚੇ ਦੇ ਸਿੱਖਣ ਪੱਧਰ ਨੂੰ ਉੱਚਾ ਚੁੱਕਣ ਲਈ ਸਰਕਾਰੀ ਡਿਊਟੀ ਕਰ ਰਹੇ ਹਨ। ਸਕੂਲ ਵਿਜ਼ਟ ਦੌਰਾਨ ਇਹਨਾਂ ਦੁਆਰਾ ਬੱਚਿਆਂ ਦੇ ਸਿੱਖਣ ਪੱਧਰ ਦਾ ਇੰਦਰਾਜ ਸਕੂਲ ਰਿਕਾਰਡ /ਵਿਜ਼ਟਰ ਬੁੱਕ ਵਿੱਚ ਦਰਜ ਕੀਤਾ ਜਾਣਾ ਹੁੰਦਾ ਹੈ। ਦਫ਼ਤਰ ਦੇ ਧਿਆਨ ਵਿੱਚ ਆਇਆ ਹੈ ਕਿ ਕਈ ਸਕੂਲ ਮੁੱਖੀਆਂ/ਅਧਿਆਪਕਾਂ ਵੱਲੋਂ ਸਕੂਲ ਵਿਜ਼ਟਰ ਬੁੱਕ ਦੇਣ ਵਿੱਚ ਬੀ.ਐੱਮ.ਟੀ/ ਸੀ.ਐੱਮ.ਟੀ ਨੂੰ ਸਹਿਯੋਗ ਨਹੀਂ ਕੀਤਾ ਜਾ ਰਿਹਾ ਜੋ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਪ੍ਰੋਜੈਕਟ ਵਿੱਚ ਵਿਘਨ ਪਾਉਣ ਅਤੇ ਸਰਕਾਰੀ ਹੁਕਮਾਂ ਦੀ ਉਲੰਘਣਾ ਹੈ।

5.0 ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਉਪ-ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿੱ), ਡਾਇਟ ਪ੍ਰਿੰਸੀਪਲ, ਸਬੰਧਤ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਨੂੰ ਇਹ ਲਿਖਿਆ ਜਾਂਦਾ ਹੈ ਕਿ ਜੇਕਰ ਕਿਸੇ ਸਕੂਲ ਮੁੱਖੀ/ਅਧਿਆਪਕ ਵੱਲੋਂ 'ਪੜ੍ਹੋ ਪੰਜਾਬ, ਪੜ੍ਹਾਓ ਪੰਜਾਬ' ਪ੍ਰੋਜੈਕਟ ਦੇ ਕੰਮ ਜਾਂ ਸੀ.ਐੱਮ.ਟੀ/ਬੀ.ਐੱਮ.ਟੀ ਨੂੰ ਬੱਚਿਆਂ ਦਾ ਸਕੂਲ ਰਿਕਾਰਡ/ਵਿਜ਼ਟਰ ਬੁੱਕ ਦੇਣ ਵਿੱਚ ਜੇਕਰ ਸਹਿਯੋਗ ਨਹੀਂ ਕੀਤਾ ਜਾਂਦਾ ਤਾਂ ਸਬੰਧਤ ਤੇ ਤੁਰੰਤ ਵਿਭਾਗੀ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇ ਅਤੇ ਇਸਦੀ ਰਿਪੋਰਟ ਮੁੱਖ ਦਫ਼ਤਰ ਨੂੰ ਵੀ ਕੀਤੀ ਜਾਵੇ।

**ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ), ਪੰਜਾਬ।**

ਪਿੱਠ ਅੰਕਣ ਨੰ.ਉਕਤ ਮਿਤੀ,ਐਸ.ਏ.ਐਸ ਨਗਰ:13-4-2018

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿਤ ਭੇਜਿਆ ਜਾਂਦਾ ਹੈ:

1. ਪੀ.ਏ ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ।
2. ਪੀ.ਏ ਟੂ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।

**ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ), ਪੰਜਾਬ।**